**ਸੂਚਨਾ 'ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ**

## ਕਿਸਾਨਾਂ ਨੂੰ ਫਸਲਾਂ ਲਈ ਖਾਦ, ਬੀਜ ਅਤੇ ਕੀਟਨਾਸ਼ਕ ਸਬੰਧਤ ਡੀਲਰਾਂ ਵਲੋਂ ਹੋਮ ਡਿਲਵਰੀ ਰਾਹੀਂ ਭੇਜੇ ਜਾਣਗੇ

*** ਖੇਤਾਂ ਵਿਚ ਰੇਕ ਤੋਂ ਲੋਡਿੰਗ/ਅਨਲੋਡਿੰਗ ਕਰਦੇ ਸਮੇਂ 10 ਤੋਂ ਜ਼ਿਆਦਾ ਮਜ਼ਦੂਰ/ਲੇਬਰ ਇਕ ਜਗ੍ਹਾ ਇਕੱਠੇ ਨਾ ਹੋਣ**

ਫਾਜ਼ਿਲਕਾ, 1 ਅਪ੍ਰੈਲ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਮੁੱਖ ਖੇਤੀਬਾੜੀ ਅਫ਼ਸਰ ਫਾਜ਼ਿਲਕਾ ਵਲੋਂ ਉਨ੍ਹਾਂ ਦੇ ਧਿਆਨ ਵਿਚ ਲਿਆਂਦਾ ਹੈ ਕਿ ਕਿਸਾਨਾਂ ਨੂੰ ਬਹਾਰ ਰੁੱਤ ਦੀ ਮੱਕੀ, ਸੱਠੀ ਮੂੰਗੀ ਅਤੇ ਮਾਂਹ ਦੀ ਬਿਜਾਈ ਲਈ ਬੀਜ, ਖਾਦਾਂ ਅਤੇ ਇਸ ਹਾੜ੍ਹੀ ਦੀ ਕਣਕ ਦੀ ਫਸਲ ਨੂੰ ਪੀਲੀ ਕੂੰਗੀ ਅਤੇ ਤੇਲੇ ਦੇ ਅਟੈਕ ਲਈ ਕੀਟਨਾਸ਼ਕਾਂ ਦੀ ਲੋੜ ਹੈ। ਇਸ ਲਈ ਕਿਸਾਨਾਂ ਨੂੰ ਫਸਲਾਂ ਲਈ ਖਾਦ, ਬੀਜ ਅਤੇ ਕੀਟਨਾਸ਼ਕ ਸਬੰਧਤ ਡੀਲਰਾਂ ਵਲੋਂ ਹੋਮ ਡਿਲਵਰੀ ਰਾਹੀਂ ਭੇਜੇ ਜਾਣਗੇ। ਇਸ ਸਬੰਧੀ ਮੁੱਖ ਖੇਤੀਬਾੜੀ ਅਫਸਰ ਫਾਜ਼ਿਲਕਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਯਕੀਨੀ ਬਣਾਉਣ ਕਿ ਖਾਦਾਂ, ਬੀਜ ਅਤੇ ਕੀਟਨਾਸ਼ਕ ਦਵਾਈਆਂ ਦੀਆਂ ਦੁਕਾਨਾਂ ਤੋਂ ਕਿਸਾਨਾਂ ਨੂੰ ਹੋਮ ਡਿਲਵਰੀ ਹੋ ਰਹੀ ਹੈ।

ਇਸ ਦੇ ਨਾਲ ਹੀ ਹਾੜ੍ਹੀ 2019-20 ਦਾ ਸੀਜ਼ਨ ਲਗਭਗ ਖਤਮ ਹੋਣ ਵਾਲਾ ਹੈ ਅਤੇ ਅਗਲੀ ਸਾਉਣੀ 2020 ਦਾ ਸੀਜ਼ਨ ਛੇਤੀ ਹੀ ਸ਼ੁਰੂ ਹੋਣ ਵਾਲਾ ਹੈ। ਸਾਉਣੀ ਸੀਜ਼ਨ ਦੀਆਂ ਫਸਲਾਂ ਜਿਵੇਂ ਕਿ ਝੋਨਾ, ਨਰਮਾ, ਮੱਕੀ ਅਤੇ ਬਾਸਮਤੀ ਦੀ ਬਿਜਾਈ ਛੇਤੀ ਸ਼ੁਰੂ ਹੋ ਜਾਵੇਗੀ, ਜਿਸ ਵਾਸਤੇ ਖੇਤਾਂ ਦੀ ਤਿਆਰੀ ਲਈ ਖਾਦ ਇਕ ਮੁੱਖ ਤੱਤ ਹੈ ਜਿਸ ਲਈ 1 ਅਪ੍ਰੈਲ 2020 ਤੋਂ ਖਾਦਾਂ ਦੇ ਵੱਖ-ਵੱਖ ਕੰਪਨੀਆਂ ਦੇ ਰੇਕ ਜ਼ਿਲ੍ਹਾ ਫਾਜ਼ਿਲਕਾ ਵਿਚ ਲਗ ਰਹੇ ਹਨ, ਜਿਨ੍ਹਾਂ ਦੀ ਲੋਡਿੰਗ ਅਤੇ ਅਨਲੋਡਿੰਗ ਸਮੇਂ ਸਿਰ ਕਰਨੀ ਬਹੁਤ ਜ਼ਰੂਰੀ ਹੈ ਤਾਂ ਜੋ ਵੱਖ-ਵੱਖ ਖਾਦਾਂ ਸਪਲਾਈ ਕਰਨ ਵਾਲੀਆਂ ਕੰਪਨੀਆਂ, ਖਾਦ ਪ੍ਰਾਪਤ ਕਰਨ ਵਾਲੇ ਡੀਲਰਾਂ ਨੂੰ ਕੋਈ ਸਮੱਸਿਆ ਪੇਸ਼ ਨਾ ਆਵੇ। ਮੁੱਖ ਖੇਤੀਬਾੜੀ ਅਫਸਰ ਫਾਜ਼ਿਲਕਾ ਯਕੀਨੀ ਬਣਾਉਣਗੇ ਕਿ ਸਬੰਧਤ ਕਪਨੀਆਂ, ਡਿਸਟ੍ਰੀਬਿਊਟਰ ਅਤੇ ਡੀਲਰ ਰੇਕਾਂ ਦੀ ਸਮੇਂ ਸਿਰ ਲੋਡਿੰਗ/ਅਨਲੋਡਿੰਗ ਅਤੇ ਟ੍ਰਾਂਸਪੋਰਟੇਸ਼ਨ ਕਰਵਾਈ ਜਾਵੇ।

ਉਨ੍ਹਾਂ ਕਿਹਾ ਕਿ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਖੇਤਾਂ ਵਿਚ ਰੇਕ ਤੋਂ ਲੋਡਿੰਗ/ਅਣਲੋਡਿੰਗ ਕਰਦੇ ਸਮੇਂ 10 ਤੋਂ ਜ਼ਿਆਦਾ ਮਜ਼ਦੂਰ/ਲੇਬਰ ਇਕ ਜਗ੍ਹਾ ਇਕੱਠੇ ਨਾ ਹੋਣ ਅਤੇ ਘੱਟੋ-ਘੱਟ 1 ਮੀਟਰ ਦੀ ਦੂਰੀ ਬਣਾਈ ਰੱਖਣ, ਹਰੇਕ ਮਜ਼ਦੂਰ/ਲੇਬਰ ਸੈਨੇਟਾਈਜ਼ਰ/ਮਾਸਕ ਦੀ ਵਰਤੋਂ ਯਕੀਨੀ ਬਣਾਉਣਗੇ। ਇਸ ਸਬੰਧੀ ਜੇਕਰ ਕੋਈ ਕਰਫਿਊ ਪਾਸ ਜਾਰੀ ਕਰਨਾ ਪੈਂਦਾ ਹੈ ਤਾਂ ਉਸ ਦੇ ਸਮਰਥ ਅਧਿਕਾਰੀ ਮੁੱਖ ਖੇਤੀਬਾੜੀ ਅਫਸਰ ਫਾਜ਼ਿਲਕਾ ਹੋਣਗੇ।

**ਸੂਚਨਾ 'ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ**

# ਜ਼ਿਲ੍ਹਾ ਫ਼ਾਜ਼ਿਲਕਾ 'ਚ ਤਾਲਾ-ਬੰਦੀ ਅਤੇ ਕਰਫਿਊ 14 ਅਪਰੈਲ ਤੱਕ ਰਹੇਗਾ ਜਾਰੀ-ਜ਼ਿਲ੍ਹਾ ਮੈਜਿਸਟ੍ਰੇਟ

***ਜ਼ਿਲ੍ਹੇ ਦੇ ਸਮੂਹ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲ ਆਮ ਵਾਂਗ ਖੁੱਲ੍ਹੇ ਰਹਿਣਗੇ**

***ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲੀਆਂ ਮੁੱਢਲੀਆਂ ਸਹੂਲਤਾਂ ਘਰਾਂ ਵਿੱਚ ਮੁਹੱਈਆ ਕਰਵਾਈਆਂ ਜਾਣਗੀਆਂ**

***ਅਖਬਾਰਾਂ ਦੀ ਸਪਲਾਈ ਸਵੇਰੇ 6 ਵਜੇ ਤੋਂ ਸਵੇਰ 8 ਵਜੇ ਤੱਕ ਆਮ ਜਨਤਾ ਦੇ ਘਰ-ਘਰ ਕੀਤੀ ਜਾ ਸਕਦੀ**

**ਫਾਜ਼ਿਲਕਾ, 1 ਅਪ੍ਰੈਲ**

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਸਰਕਾਰ ਵੱਲੋਂ ਆਮ ਜਨਤਾ ਨੂੰ ਮਹਾਂਮਾਰੀ ਤੋਂ ਬਚਾਉਣ ਲਈ ਸਾਵਧਾਨੀ ਵਰਤਦੇ ਹੋਏ ਰਾਜ ਵਿਚ ਤਾਲਾ-ਬੰਦੀ ਦੇ ਨਾਲ-ਨਾਲ ਕਰਫਿਊ ਵੀ ਜਾਰੀ ਰੱਖਿਆ ਗਿਆ ਹੈ। ਸਰਕਾਰ ਵੱਲੋਂ ਜਾਰੀ ਆਦੇਸ਼ਾਂ ਦੀ ਪਾਲਣਾ ਵਿੱਚ ਜ਼ਿਲ੍ਹਾ ਫ਼ਾਜ਼ਿਲਕਾ ਵਿਚ ਵੀ ਤਾਲਾ-ਬੰਦੀ ਅਤੇ ਕਰਫਿਊ 14 ਅਪਰੈਲ 2020 ਤੱਕ ਵਧਾਇਆ ਜਾਂਦਾ ਹੈ, ਤਾਂ ਜੋ ਆਮ ਜਨਤਾ ਨੂੰ ਇਸ ਮਹਾਂਮਾਰੀ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਮੂਹ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲ ਆਮ ਵਾਂਗ ਖੁੱਲ੍ਹੇ ਰਹਿਣਗੇ। ਆਮ ਜਨਤਾ ਨੂੰ ਆਪਣੇ ਘਰਾਂ ਵਿੱਚ ਹੀ ਰਹਿਣ ਦੇ ਹੁਕਮ ਕੀਤੇ ਜਾਂਦੇ ਹਨ ਅਤੇ ਉਨ੍ਹਾਂ ਦੀਆਂ ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲੀਆਂ ਮੁੱਢਲੀਆਂ ਸਹੂਲਤਾਂ ਘਰਾਂ ਵਿੱਚ ਮੁਹੱਈਆ ਕਰਵਾਈਆਂ ਜਾਣਗੀਆਂ।

ਉਨ੍ਹਾਂ ਹੁਕਮ ਦਿੰਦਿਆਂ ਕਿਹਾ ਕਿ ਹਰ ਰੋਜ਼ ਅਖਬਾਰਾਂ ਦੀ ਸਪਲਾਈ ਆਮ ਵਾਂਗ ਸਵੇਰੇ 6 ਵਜੇ ਤੋਂ ਸਵੇਰੇ 8 ਵਜੇ ਤੱਕ ਆਮ ਜਨਤਾ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਦੁੱਧ ਦੀ ਸਪਲਾਈ ਰੋਜਾਨਾ ਸਵੇਰੇ 6 ਵਜੇ ਤੋਂ ਸਵੇਰੇ 10 ਵਜੇ ਤੱਕ ਦੋਧੀਆਂ ਅਤੇ ਡੇਅਰੀ ਮਾਲਕਾਂ ਵੱਲੋਂ ਆਮ ਜਨਤਾ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ। ਦੁੱਧ ਚਿਲਿੰਗ/ਸੈਂਟਰਾਂ/ਦੁੱਧ ਸੈਂਟਰਾਂ ਵਿੱਚ ਸਟੋਰੇਜ ਕਰਨ ਸਬੰਧੀ ਵਰਤੇ ਜਾਣ ਵਾਲ ਵਹੀਕਲਾਂ ਦੀ ਆਵਾਜਾਈ ਆਮ-ਵਾਂਗ ਹੋਵੇਗੀ ਅਤੇ ਇੰਨ੍ਹਾਂ ਸੰਸਥਾਵਾਂ ਤੇ ਕੰਮ ਲੋੜ ਅਨੁਸਾਰ ਚੱਲਦਾ ਰਹੇਗਾ। ਡਿਪਟੀ ਡਾਇਰੈਕਟਰ ਡੇਅਰੀ ਫ਼ਾਜ਼ਿਲਕਾ ਇਹ ਕਾਰਵਾਈ ਨੂੰ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਪਸ਼ੂਆਂ/ਗਊਸ਼ਾਲਾ ਵਿਚ ਚਾਰਾ ਮੁਹੱਈਆ ਕਰਵਾਉਣ ਲਈ ਚਾਰੇ ਦੀ ਸਪਲਾਈ ਰੋਜਾਨਾ ਸਵੇਰੇ 6 ਵਜੇ ਤੋਂ 10 ਵਜੇ ਤੱਕ ਆਮ ਜਨਤਾਂ/ਗਊਸ਼ਾਲਾ ਵਿਚ ਕੀਤੀ ਜਾਵੇਗੀ। ਚਾਰੇ ਲਈ ਵਰਤੋਂ ਵਿੱਚ ਆਉਣ ਵਾਲੇ ਵਹੀਕਲਾਂ ਦੀ ਆਵਾਜਾਈ ਵਿੱਚ ਕੋਈ ਰੋਕ ਟੋਕ ਨਹੀਂ ਹੋਵੇਗੀ। ਡਿਪਟੀ ਡਾਇਰੈਕਟਰ ਪਸ਼ੂ ਪਾਲਣ ਇਹ ਕਾਰਵਾਈ ਨੂੰ ਯਕੀਨੀ ਬਣਾਉਣਗੇ। ਸ਼ਹਿਰੀ/ਪੇਂਡੂ ਖੇਤਰ ਵਿਚ ਪੈਟਰੋਲ ਪੰਪ ਰੋਜਾਨਾ ਸਵੇਰੇ 7 ਵਜੇ ਤੋਂ ਸ਼ਾਮ 7 ਵਜੇ ਤੱਕ ਖੁੱਲ੍ਹੇ ਰਹਿਣਗੇ ਅਤੇ ਸਟੇਟ ਹਾਈਵੇ/ਨੈਸ਼ਨਲ ਹਾਈਵੇ ਤੇ ਸਥਾਪਿਤ ਪੈਟਰੋਲ ਪੰਪਾਂ ਬਾਬਤ ਕੋਈ ਸਮਾਂ ਸੀਮਾ ਨਹੀਂ ਹੋਵੇਗੀ। ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਇਹ ਕਾਰਵਾਈ ਨੂੰ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਗੈਸ ਦੀ ਸਪਲਾਈ ਗੈਸ ਏਜੰਸੀਆਂ ਵੱਲੋਂ ਰੋਜ਼ਾਨਾ ਸਵੇਰੇ 10 ਵਜੇ ਤੋਂ ਸ਼ਾਮ 6 ਤੱਕ ਆਮ-ਵਾਂਗ ਆਮ ਜਨਤਾ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ। ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਇਹ ਕਾਰਵਾਈ ਨੂੰ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਸਬਜੀ/ਫਲ ਦੀ ਵਿੱਕਰੀ ਰੋਜ਼ਾਨਾ ਸਵੇਰੇ 7 ਵਜੇ ਤੋਂ 12 ਵਜੇ ਤੱਕ ਆਮ ਜਨਤਾ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ। ਇਸ ਦਰਮਿਆਨ ਸਟੋਰੇਜ ਦਾ ਕੰਮ ਵੀ ਮੁਕੰਮਲ ਕੀਤਾ ਜਾਵੇਗਾ। ਉਨ੍ਹਾਂ ਜ਼ਿਲ੍ਹੇ ਦੇ ਸਬੰਧਤ ਸਕੱਤਰ ਮਾਰਕੀਟ ਕਮੇਟੀ ਇਹ ਯਕੀਨੀ ਬਣਾਉਣਗੇ ਕਿ ਸਬਜੀ ਮੰਡੀ ਵਿਚ ਆਮ ਜਨਤਾ ਨੂੰ ਸਬਜੀ/ ਫਲ ਦੀ ਵਿੱਕਰੀ ਨਹੀਂ ਕੀਤੀ ਜਾਵੇਗੀ। ਸਬਜੀ/ ਫਲ ਰੇਹੜੀਆਂ/ਟੈਂਪੂਆਂ ਰਾਹੀਂ ਘਰਾਂ ਵਿਚ ਸਪਲਾਈ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਲੋਕਾਂ ਦੀ ਸੁਰੱਖਿਆ ਅਤੇ ਸਹੂਲਤਾਂ ਦੇ ਮੱਦੇਨਜ਼ਰ ਲਗਾਏ ਗਏ ਇਹ ਹੁਕਮ ਪੁਲਿਸ ਮੁਲਾਜ਼ਮਾਂ, ਮਿਲਟਰੀ ਤੇ ਪੈਰਾ ਮਿਲਟਰੀ ਸਟਾਫ, ਡਾਕਟਰਾਂ, ਐਮਰਜੰਸੀ ਸੇਵਾਵਾਂ ਦੇਣ ਵਾਲੇ ਅਧਿਕਾਰੀਆਂ, ਹੋਮ ਗਾਰਡ ਦੇ ਮੈਂਬਰਾਂ, ਸਰਕਾਰੀ ਕਰਮਚਾਰੀਆਂ ਅਤੇ ਉਨ੍ਹਾਂ ਵਿਅਕਤੀਆਂ ’ਤੇ ਲਾਗੂ ਨਹੀਂ ਹੋਣਗੇ ਜਿਨ੍ਹਾਂ ਨੂੰ ਜ਼ਿਲ੍ਹਾ ਮੈਜਿਸਟਰੇਟ, ਸਮੂਹ ਉਪ ਜ਼ਿਲ੍ਹਾ ਮੈਜਿਸਟਰੇਟ ਜਾਂ ਸਮਰੱਥ ਅਧਿਕਾਰੀ ਵੱਲੋਂ ਪਰਮਿਟ ਜਾਰੀ ਕੀਤਾ ਹੋਵੇ।

ਉਨ੍ਹਾਂ ਕਿਹਾ ਕਿ ਸਬੰਧਤ ਅਧਿਕਾਰੀ ਇਸ ਗੱਲ ਨੂੰ ਯਕੀਨੀ ਬਣਾਉਣਗੇ ਕਿ ਵਰਤੋਂ ਵਿੱਚ ਆਮ ਜਨਤਾ ਵੱਲੋਂ ਵਰਤੀਆਂ ਜਾਣ ਵਾਲੀਆਂ ਵਸਤੂਆਂ ਉਨ੍ਹਾਂ ਨੂੰ ਨਿਰਧਾਰਤ ਸਮੇਂ/ਨਿਰਧਾਰਤ ਮੁੱਲ ਅਧੀਨ ਹੀ ਉਨ੍ਹਾਂ ਦੇ ਘਰਾਂ ਵਿੱਚ ਮੁਹੱਈਆ ਹੋ ਸਕਣ। ਉਪ੍ਰੋਕਤ ਮੰਤਵ ਲਈ ਜ਼ਰੂਰੀ ਸੇਵਾਵਾਂ ਲਈ ਵਰਤੇ ਜਾਣ ਵਾਲੇ ਸਾਰੇ ਵਹੀਕਲਾਂ ਨੂੰ ਆਉਣ/ਜਾਣ ਲਈ ਕਰਫਿਊ ਪਾਸ ਦੀ ਜ਼ਰੂਰਤ ਨਹੀਂ ਹੋਵੇਗੀ। ਇਹ ਅਦਾਰਿਆਂ ਦੇ ਅਧਿਕਾਰੀ ਇਹ ਵੀ ਯਕੀਨੀ ਬਣਾਉਣਗੇ ਕਿ ਇਹ ਵਸਤੂਆਂ ਨਿਰਧਾਰਤ ਸਮੇਂ ਅਧੀਨ ਜਿਨ੍ਹਾਂ ਸੇਲਜਮੈਨਾਂ/ਦੁਕਾਨਦਾਰਾਂ ਵੱਲੋਂ ਆਮ ਜਨਤਾ ਨੂੰ ਉਨ੍ਹਾਂ ਦੇ ਘਰਾਂ ਵਿੱਚ ਪਹੁੰਚਾਈਆਂ ਜਾਣਗੀਆਂ, ਉਹ ਕੋਵਿਡ 19 ਤਹਿਤ ਸਮੇਂ-ਸਮੇਂ ਸਿਰ ਜਾਰੀ ਸਰਕਾਰ ਵੱਲੋਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਹੱਥਾਂ ਵਿਚ ਦਸਤਾਨੇ/ਮੂੰਹ ’ਤੇ ਮਾਸਕ/ਸੈਨੇਆਈਜ਼ਰ ਦੀ ਵਰਤੋਂ ਕਰਦੇ ਹੋਏ ਸਮਾਜਿਕ ਦੂਰੀ ਕਾਇਮ ਰੱਖਦੇ ਹੋਏ ਮੁਹੱਈਆ ਕਰਵਾਉਣਗੇ ਤਾਂ ਜੋ ਆਮ ਜਨਤਾ ਨੂੰ ਘਰਾਂ ਤੋਂ ਆਉਣ ਤੋਂ ਰੋਕਿਆ ਜਾਵੇ ਅਤੇ ਕੋਰੋਨਾ ਮਹਾਂਮਾਰੀ ਦੇ ਪ੍ਰਕੋਪ ਨੂੰ ਠੱਲ ਪਾਈ ਜਾ ਸਕੇ।

**ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ**

# ਕਰਿਆਨਾ ਦੁਕਾਨਦਾਰਾਂ ਵੱਲੋਂ ਰੋਜ਼ਾਨਾ ਸਵੇਰੇ 10 ਵਜੇ ਤੋ ਸ਼ਾਮ 6 ਵਜੇ ਤੱਕ ਆਮ ਜਨਤਾ ਦੇ ਘਰ ਪਹੁੰਚਾਈ ਜਾਵੇਗੀ ਸਪਲਾਈ

***ਡਾਕਟਰ/ਕਰਮਚਾਰੀ ਦਾ ਆਈ.ਡੀ.ਕਾਰਡ ਅਤੇ ਪ੍ਰਾਈਵੇਟ ਹਸਪਤਾਲਾਂ/ਨਰਸਿੰਗ ਹੋਮ ਦੇ ਡਾਕਟਰ/ਸਹਾਇਕਾਂ ਸਬੰਧੀ ਜਾਰੀ ਕੀਤਾ ਸ਼ਨਾਖਤੀ ਕਾਰਡ ਹੀ ਕਰਫਿਊ ਪਾਸ ਹੋਵੇਗਾ**

***ਕੰਬਾਇਨ ਦੀ ਮੁਰੰਮਤ ਅਤੇ ਸਪੇਅਰ ਪਾਰਟਸ ਵਾਲੀਆਂ ਦੁਕਾਨਾਂ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਖੁੱਲ੍ਹੀਆਂ ਰਹਿਣਗੀਆਂ**

***ਲੋਕ ਹਿੱਤ ’ਚ ਲਗਾਏ ਕਰਫਿਊ ਦੌਰਾਨ ਵੱਖ-ਵੱਖ ਸਹੂਲਤਾਂ ਸਬੰਧੀ ਨਿਰਦੇਸ਼ ਜਾਰੀ**

ਫ਼ਾਜ਼ਿਲਕਾ, 1 ਅਪ੍ਰੈਲ

ਜ਼ਿਲ੍ਹਾ ਮੈਜਿਸਟਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਕੋਰੋਨਾ ਵਾਇਰਸ (ਕੋਵਿਡ 19) ਦੇ ਮੱਦੇਨਜਰ 14 ਅਪ੍ਰੈਲ 2020 ਤੱਕ ਲਗਾਏ ਗਏ ਕਰਫਿਊ ਦੌਰਾਨ ਜ਼ਰੂਰੀ ਵਸਤਾਂ ਦੀ ਘਰਾਂ ਤੱਕ ਸਪਲਾਈ ਕਰਨ ਦੇ ਹੁਕਮ ਜਾਰੀ ਕੀਤੇ ਹਨ। ਉਨ੍ਹਾਂ ਕਿਹਾ ਕਿ ਕਰਿਆਨੇ ਦੀ ਵਿੱਕਰੀ ਸਬੰਧਤ ਦੁਕਾਨਦਾਰਾਂ ਵੱਲੋਂ ਰੋਜ਼ਾਨਾ ਸਵੇਰੇ 10 ਵਜੇ ਤੋਂਸ਼ਾਮ 6 ਵਜੇ ਤੱਕ ਆਮ ਜਨਤਾ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ। ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਇਹ ਕਾਰਵਾਈ ਨੂੰ ਯਕੀਨੀ

ਬਣਾਉਣਗੇ। ਉਨ੍ਹਾਂ ਕਿਹਾ ਕਿ ਸਬੰਧਤ ਦੁਕਾਨਦਾਰਾਂ/ਲੈਬੋਰਟਰੀ ਵਾਲਿਆਂ ਵੱਲੋਂ ਦਵਾਈਆਂ ਦੀ ਸਪਲਾਈ/ਸੈਂਪਲਾਂ ਦੀ ਪੜਤਾਲ ਹਰ ਰੋਜ਼ ਆਮ-ਵਾਂਗ ਘਰ ਜਾ ਕੇ ਕੀਤੀ ਜਾਵੇਗੀ। ਡਰੱਗ ਇੰਸਪੈਕਟਰ ਇਹ ਕਾਰਵਾਈ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਸਬੰਧਤ ਦੁਕਾਨਦਾਰ ਕੀਟਨਾਸ਼ਕ/ਫਰਟੀਲਾਈਜ਼ਰ/ਬੀਜ ਆਦਿ ਦੀ ਸਪਲਾਈ ਹਰ ਰੋਜ਼ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਜਿੰਮੀਦਾਰਾਂ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ। ਮੁੱਖ ਖੇਤੀਬਾੜੀ ਅਫ਼ਸਰ ਇਹ ਕਾਰਵਾਈ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਪਸ਼ੂਆਂ/ਪੋਲਟਰੀ ਆਹਰ ਆਦਿ ਦੀ ਸਪਲਾਈ ਹਰ ਰੋਜ਼ ਬਾਅਦ ਦੁਪਹਿਰ 2 ਵਜੇ ਤੋਂ ਸ਼ਾਮ 6 ਵਜੇ ਤੱਕ ਘਰ-ਘਰ ਜਾ ਕੇ ਕੀਤੀ ਜਾਵੇਗੀ। ਡਿਪਟੀ ਡਾਇਰੈਕਟਰ ਪਸ਼ੂ ਪਾਲਣ ਇਹ ਕਾਰਵਾਈ ਯਕੀਨੀ ਬਣਾਉਣਗੇ। ਆਟਾ ਚੱਕੀ ਹੋਰ ਰੋਜ਼ ਆਮ-ਵਾਂਗ ਖੁੱਲ੍ਹੀ ਰਹੇਗੀ, ਪਰ ਆਟਾ ਚੱਕੀ ਦੇ ਮਾਲਕ ਆਮ ਜਨਤਾ ਤੇ ਘਰ ਤੋਂ ਕਣਕ ਲੈ ਕੇ ਉਸ ਦੀ ਪਿਸਾਈ ਕਰਨ ਉਪਰੰਤ ਘਰਾਂ ਵਿਚ ਹੀ ਆਟੇ ਦੀ ਸਪਲਾਈ ਕਰਨਗੇ। ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਇਹ ਕਾਰਵਾਈ ਯਕੀਨੀ ਬਣਾਉਣਗੇ। ਬੈਂਕ/ਏ.ਟੀ.ਐਮਜ਼/ਡਾਕ ਘਰ/ ਇੰਸ਼ੋਰੈਂਸ ਕੰਪਨੀਆਂ/ਕੋਰੀਅਰ ਸਰਵਿਸ ਇਹ ਆਮ ਵਾਂਗ ਆਪਣੇ ਨਿਰਧਾਰਤ ਸਮੇਂ ਅਧੀਲ ਖੁੱਲਣਗੇ। ਲੀਡ ਬੈਂਕ ਮੈਨੇਜਰ/ਪੋਸਟ ਮਾਸਟਰ ਫਿਰੋਜਪੁਰ ਇਹ ਕਾਰਵਾਈ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਪੀਣ ਵਾਲੇ ਪਾਣੀ ਦੀ ਸਪਲਾਈ ਬੋਤਲਾਂ/ਕੈਨੀਆਂ/ਵਾਟਰ ਕੂਲਰਾਂ ਰਾਹੀਂ ਹਰ ਰੋਜ਼ ਬਾਅਦ ਦੁਪਹਿਰ 2 ਵਜੇ ਤੋਂ ਸ਼ਾਮ 6 ਵਜੇ ਤੱਕ ਆਮ ਜਨਤਾ ਦੇ ਘਰ-ਘਰ ਜਾ ਕੇ ਕੀਤੀ ਜਾਵੇਗੀ ਅਤੇ ਜ਼ਿਲ੍ਹੇ ਵਿਚ ਵਾਟਰ ਵਰਕਸਾਂ ਰਾਹੀਂ ਆਮ ਜਨਤਾ ਲਈ ਪੀਣ ਵਾਲੇ ਪਾਣੀ ਦੀ ਸਪਲਾਹੀ ਚਾਲੂ ਰੱਖੀ ਜਾਵੇਗੀ। ਸਬੰਧਤ ਕਾਰਜਕਾਰੀ ਇੰਜੀਨੀਅਰ ਪਬਲਿਕ ਹੈਲਥ ਇਹ ਕਾਰਵਾਈ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਸਰਕਾਰੀ ਸਿਹਤ ਵਿਭਾਗ ਵਿੱਚ ਕੰਮ ਕਰਦੇ ਸਮੂਹ ਡਾਕਟਰ/ਕਰਮਚਾਰੀ ਦਾ ਆਈ.ਡੀ.ਕਾਰਡ ਅਤੇ ਪ੍ਰਾਈਵੇਟ ਹਸਪਤਾਲਾਂ/ਨਰਸਿੰਗ ਹੋਮਾਂ ਦੇ ਡਾਕਟਰ/ਸਹਾਇਕਾਂ ਸਬੰਧੀ ਜਾਰੀ ਕੀਤੇ ਹੋਏ ਸ਼ਨਾਖਤੀ ਕਾਰਡ ਹੀ ਕਰਫਿਊ ਪਾਸ ਹੋਵੇਗਾ।

ਉਨ੍ਹਾਂ ਕਿਹਾ ਕਿ ਕਿੰਨੂਆਂ ਦੀ ਵੈਕਸਿੰਗ/ਸਟੋਰੇਜ/ਤੋੜਾਈ/ਢੋਆ-ਢੁਆਈ/ਹਾੜੀ ਦੀ ਫਸਲ ਦੀ ਕਟਾਈ/ਸਾਉਣੀ ਦੀ ਫਸਲ ਦੀ ਬਿਜਾਈ ਸਬੰਧਤ ਜਿੰਮੀਦਾਰਾਂ ਵੱਲੋਂ ਕੋਵਿਡ 19 ਅਧੀਨ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਕੀਤੀ ਜਾਵੇਗੀ। ਕੰਬਾਇਨਾਂ ਦੀ ਵਰਤੋਂ ਵੀ ਕੀਤੀ ਜਾਵੇਗੀ। ਕੰਬਾਇਨ ਦੀ ਮੁਰੰਮਤ ਅਤੇ ਸਪੇਅਰ ਪਾਰਟਸ ਵਾਲੀਆਂ ਦੁਕਾਨਾਂ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਖੁੱਲ੍ਹੀਆਂ ਰਹਿਣਗੀਆਂ। ਡਿਪਟੀ ਡਾਇਰੈਕਟਰ ਬਾਗਬਾਨੀ/ਮੁੱਖ ਖੇਤੀਬਾੜੀ ਅਫਸਰ ਇਹ ਕਾਰਵਾਈ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫ਼ਾਜਿਲਕਾ ਵਿਚ ਸਥਾਪਿਤ ਕਾਟਰ ਫੈਕਟਰੀਆਂ ਵਿੱਚ ਜੋ ਮਜਦੂਰਾਂ ਤੋਂ ਕੰਮ ਸਬੰਧਤ ਕੰਪਨੀ ਦੇ ਮਾਲਕ ਵੱਲੋਂ ਲਿਆ ਜਾਵੇਗਾ, ਉਨ੍ਹਾਂ ਦੇ ਰਹਿਣ ਦਾ ਪ੍ਰਬੰਧ ਫੈਕਟਰੀ ਵਿਚ ਹੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ। ਫੈਕਟਰੀ ਵਿਚ ਕਿਸੇ ਵੀ ਤਰ੍ਹਾਂ ਦੇ ਕੰਮ ਕਰਨ ਵਾਲੇ ਮਜਦੂਰਾਂ ਨੂੰ ਆਪਣੇ ਘਰ ਜਾਣ ਦੀ ਆਗਿਆ ਨਹੀਂ ਹੋਵੇਗੀ ਅਤੇ ਕਾਟਨ ਫੈਕਟਰੀ ਵਿਚ ਪ੍ਰੋਸੈਸਿੰਗ/ਬੇਲੋੜੀ ਕਪਾਹ ਦੀ ਫੈਕਟਰੀ ਤੋਂ ਗੋਦਾਮ ਅਤੇ ਕਾਟਨ ਸੀਡ ਫੈਕਟਰੀ ਤੋਂ ਆਇਲ ਮਿੱਲ ਤੱਕ ਢੋਆ-ਢੁਆਈ ਦੀ ਢਿੱਲ ਦਿੱਤੀ ਜਾਂਦੀ ਹੈ। ਇਸ ਦੇ ਨਾਲ ਹੀ ਸੀ.ਸੀ.ਆਈ. ਵੱਲੋਂ ਕਿਸਾਨਾਂ ਨੂੰ ਅਦਾਇਗੀ ਕਰਨ ਲਈ ਫ਼ਾਜ਼ਿਲਕਾ ਜ਼ਿਲ੍ਹੇ ਵਿਚ ਦਫ਼ਤਰ ਖੋਲ੍ਹਣ ਦੀ ਵੀ ਢਿੱਲ ਦਿੱਤੀ ਜਾਂਦੀ ਹੈ। ਬਰਾਂਚ ਮੈਨੇਜਰ ਇਹ ਯਕੀਨੀ ਬਣਾਉਣਗੇ ਕਿ ਉਹ ਆਪਣੇ ਦਫ਼ਤਰ ਅਤੇ ਕਾਟਨ ਫੈਕਟਰੀ ਵਿਚ ਕੋਵਿਡ 19 ਤਹਿਤ ਜਾਰੀ ਕੀਤੇ ਗਏ ਆਦੇਸ਼ਾਂ ਦੀ ਇੰਨ ਬਿੰਨ ਪਾਲਣਾ ਕਰਨਗੇ। ਜਨਰਲ ਮੈਨੇਜਰ ਇੰਡਸਟਰੀ ਇਹ ਕਾਰਵਾਈ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਲੋਕਾਂ ਦੀ ਸੁੱਰਖਿਆ ਅਤੇ ਸਹੂਲਤਾਂ ਦੇ ਮੱਦੇਨਜ਼ਰ ਲਗਾਏ ਗਏ ਇਹ ਹੁਕਮ ਪੁਲਿਸ ਮੁਲਾਜ਼ਮਾਂ, ਮਿਲਟਰੀ ਤੇ ਪੈਰਾ ਮਿਲਟਰੀ ਸਟਾਫ, ਡਾਕਟਰਾਂ, ਐਮਰਜੰਸੀ ਸੇਵਾਵਾਂ ਦੇਣ ਵਾਲੇ ਅਧਿਕਾਰੀਆਂ, ਹੋਮ ਗਾਰਡ ਦੇ ਮੈਂਬਰਾਂ, ਸਰਕਾਰੀ ਕਰਮਚਾਰੀਆਂ ਅਤੇ ਉਨ੍ਹਾਂ ਵਿਅਕਤੀਆਂ 'ਤੇ ਲਾਗੂ ਨਹੀਂ ਹੋਣਗੇ ਜਿਨ੍ਹਾਂ ਨੂੰ ਜ਼ਿਲ੍ਹਾ ਮੈਜਿਸਟਰੇਟ, ਸਮੂਹ ਉਪ ਜ਼ਿਲ੍ਹਾ ਮੈਜਿਸਟਰੇਟ ਜਾਂ ਸਮਰੱਥ ਅਧਿਕਾਰੀ ਵੱਲੋਂ ਪਰਮਿਟ ਜਾਰੀ ਕੀਤਾ ਹੋਵੇ।

ਉਨ੍ਹਾਂ ਕਿਹਾ ਕਿ ਸਬੰਧਤ ਅਧਿਕਾਰੀ ਇਸ ਗੱਲ ਨੂੰ ਯਕੀਨੀ ਬਣਾਉਣਗੇ ਕਿ ਵਰਤੋਂ ਵਿੱਚ ਆਮ ਜਨਤਾ ਵੱਲੋਂ ਵਰਤੀਆਂ ਜਾਣ ਵਾਲੀਆਂ ਵਸਤੂਆਂ ਉਨ੍ਹਾਂ ਨੂੰ ਨਿਰਧਾਰਤ ਸਮੇਂ/ਨਿਰਧਾਰਤ ਮੁੱਲ ਅਧੀਨ ਹੀ ਉਨ੍ਹਾਂ ਦੇ ਘਰਾਂ ਵਿੱਚ ਮੁਹੱਈਆ ਹੋ ਸਕਣ। ਉਪਰੋਕਤ ਮੰਤਵ ਲਈ ਜ਼ਰੂਰੀ ਸੇਵਾਵਾਂ ਲਈ ਵਰਤੇ ਜਾਣ ਵਾਲੇ ਸਾਰੇ ਵਹੀਕਲਾਂ ਨੂੰ ਆਉਣ/ਜਾਣ ਲਈ ਕਰਫਿਊ ਪਾਸ ਦੀ ਜ਼ਰੂਰਤ ਨਹੀਂ ਹੋਵੇਗੀ। ਇਹ ਅਦਾਰਿਆਂ ਦੇ ਅਧਿਕਾਰੀ ਇਹ ਵੀ ਯਕੀਨੀ ਬਣਾਉਣਗੇ ਕਿ ਇਹ ਵਸਤੂਆਂ ਨਿਰਧਾਰਤ ਸਮੇਂ ਅਧੀਨ ਜਿਨ੍ਹਾਂ ਸੇਲਜਮੈਨਾਂ/ਦੁਕਾਨਦਾਰਾਂ ਵੱਲੋਂ ਆਮ ਜਨਤਾ ਨੂੰ ਉਨ੍ਹਾਂ ਦੇ ਘਰਾਂ ਵਿੱਚ ਪਹੁੰਚਾਈਆਂ ਜਾਣਗੀਆਂ, ਉਹ ਕੋਵਿਡ 19 ਤਹਿਤ ਸਮੇਂ-ਸਮੇਂ ਸਿਰ ਜਾਰੀ ਸਰਕਾਰ ਵੱਲੋਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਹੱਥਾਂ ਵਿਚ ਦਸਤਾਨੇ/ਮੂੰਹ 'ਤੇ ਮਾਸਕ/ਸੈਨੇਆਈਜ਼ਰ ਦੀ ਵਰਤੋਂ ਕਰਦੇ ਹੋਏ ਸਮਾਜਿਕ ਦੂਰੀ ਕਾਇਮ ਰੱਖਦੇ ਹੋਏ ਮੁਹੱਈਆ ਕਰਵਾਉਣਗੇ ਤਾਂ ਜੋ ਆਮ ਜਨਤਾ ਨੂੰ ਘਰਾਂ ਤੋਂ ਆਉਣ ਤੋਂ ਰੋਕਿਆ ਜਾਵੇ ਅਤੇ ਕੋਰੋਨਾ ਮਹਾਂਮਾਰੀ ਦੇ ਪ੍ਰਕੋਪ ਨੂੰ ਠੱਲ ਪਾਈ ਜਾ ਸਕੇ।

**ਸੂਚਨਾ 'ਤੇ ਜ਼ਿਲ੍ਹਾ ਲੋਕ ਸੰਪਰਕ ਦ.ਫ਼ਤਰ, ਫਾਜ਼ਿਲਕਾ**

# ਕੋਵਿਡ 19 ਦੇ ਮੱਦੇਨਜ਼ਰ ਲੋਕ ਹਿੱਤਾਂ ਲਈ ਜ਼ਿਲ੍ਹਾ ਪ੍ਰਸ਼ਾਸਨ ਦੀ ਨਿਵੇਕਲੀ ਪਹਿਲਕਦਮੀ

*** ਮੰਡੀ ਅੰਦਰ ਆੜ੍ਹਤੀਆਂ/ਰੇਹੜੀ ਵਾਲਿਆਂ ਦੀ ਸਾਮਾਜਿਕ ਦੂਰੀ ਬਰਕਰਾਰ ਰੱਖਣ ਲਈ 2 ਮੀਟਰ ਦੇ ਫਰਕ ਨਾਲ ਮਾਰਕਿੰਗ ਕਰਵਾਈ- ਜ਼ਿਲ੍ਹਾ ਮੰਡੀ ਅ.ਫ਼ਸਰ**

***ਲੋਕਾਂ ਨੂੰ ਘਰਾਂ ਤੱਕ ਪਹੁੰਚਾਈ ਜਾਵਗੀ ਸ਼ਬਜੀ ਅਤੇ ਫਰੂਟ ਦੀ ਸਪਲਾਈ**

*** ਫਰੂਟ ਅਤੇ ਸ਼ਬਜੀਆਂ ਦੀ ਸਪਲਾਈ ਲਈ ਸ਼ਬਜੀ ਮੰਡੀ ਨੂੰ ਦੋ ਭਾਗਾਂ ਵਿੱਚ ਵੰਡਿਆ- ਸਵਰਨ ਸਿੰਘ**

ਫਾਜ਼ਿਲਕਾ, 1 ਅਪ੍ਰੈਲ:

ਜ਼ਿਲ੍ਹਾ ਫਾਜ਼ਿਲਕਾ ਵਿਖੇ ਲੋਕਾਂ ਨੂੰ ਕੋਵਿਡ 19 ਦੀ ਮਹਾਂਮਾਰੀ ਤੋਂ ਸੁਰੱਖਿਅਤ ਰੱਖਣ ਲਈ ਜ਼ਿਲ੍ਹਾ ਮੈਜਿਸਟ੍ਰੇਟ ਸ. ਅਰਵਿੰਦ ਪਾਲ ਸਿੰਘ ਸੰਧੂ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ 14 ਅਪ੍ਰੈਲ 2020 ਤੱਕ ਕਰਫਿਊ 'ਚ ਵਾਧਾ ਕੀਤਾ ਹੈ। ਸ. ਸੰਧੂ ਨੇ ਜਿੱਥੇ ਲੋਕ ਸੁਵਿਧਾਵਾਂ ਨੂੰ ਸੁਖਾਵੇਂ ਮਾਹੌਲ 'ਚ ਜਾਰੀ ਰੱਖਣ ਲਈ ਆਦੇਸ਼ ਜਾਰੀ ਕੀਤੇ ਹਨ ਉਥੇ ਲੋਕਾਂ ਨੂੰ ਘਰਾਂ ਅੰਦਰ ਰਹਿਣ ਦੀ ਅਪੀਲ ਵੀ ਕੀਤੀ ਹੈ, ਤਾਂ ਜੋ ਕਰੋਨਾ ਵਾਈਰਸ ਦੀ ਨਾਮੁਰਾਦ ਬਿਮਾਰੀ ਤੋਂ ਹਰੇਕ ਜ਼ਿਲ੍ਹਾ ਵਾਸੀ ਬਚਾਇਆ ਜਾ ਸਕੇ।

ਡਿਪਟੀ ਕਮਿਸ਼ਨਰ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਆਦੇਸ਼ਾਂ ਦੀ ਪਾਲਣਾ ਕਰਦਿਆਂ ਲੋਕ ਹਿੱਤਾਂ ਲਈ ਪੰਜਾਬ ਮੰਡੀ ਬੋਰਡ ਦੇ ਅਧਿਕਾਰੀਆਂ ਵੱਲੋਂ ਪਹਿਲਕਦਮੀ ਕਰਦਿਆਂ ਫਾਜ਼ਿਲਕਾ ਮੰਡੀ ਵਿਖੇ ਸੋਡੀਅਮ ਹਾਈਪੋਕਲੋਰਾਈਟ ਸਪਰੇਅ ਦਾ ਛਿੜਕਾਅ ਕਰਵਾਇਆ ਗਿਆ।

ਇਸ ਸਬੰਧੀ ਹੋਰ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਮੰਡੀ ਅਫ਼ਸਰ ਸ੍ਰੀ ਸਵਰਨ ਸਿੰਘ ਨੇ ਦੱਸਿਆ ਕਿ ਮੰਡੀ ਅੰਦਰ ਜ਼ਿਮੀਦਾਰਾਂ ਅਤੇ ਰੇਹੜੀਆਂ ਵਾਲਿਆਂ ਦੀ ਸੁਵਿਧਾ ਲਈ ਫਰੂਟ ਅਤੇ ਸ਼ਬਜੀਆਂ ਲਿਆਉਣ ਅਤੇ ਲਿਜਾਉਣ ਲਈ ਮੰਡੀ ਨੂੰ ਦੋ ਭਾਗਾਂ ਵਿੱਚ ਵੰਡਿਆ ਗਿਆ ਹੈ। ਉਨ੍ਹਾਂ ਕਿਹਾ ਕਿ ਮੰਡੀ ਅੰਦਰ ਵਿਸ਼ੇਸ ਤੌਰ 'ਤੇ ਰੇਹੜੀਆਂ ਅਤੇ ਮੰਡੀ ਅੰਦਰ ਸ਼ਬਜੀ ਲੈ ਕੇ ਆਏ ਜਿੰਮੀਦਾਰਾਂ ਦੀ ਸਾਮਾਜਿਕ ਦੂਰੀ ਬਰਕਰਾਰ ਰੱਖਣ ਲਈ 2 ਮੀਟਰ ਦੇ ਫਰਕ ਨਾਲ ਮਾਰਕਿੰਗ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਮੰਡੀ ਵਿਖੇ ਕਰਵਾਈ ਮਾਰਕਿੰਗ ਦਾ ਮੰਤਵ ਲਾਈਨ ਬਣਾ ਕੇ ਆਪਸੀ ਦੂਰੀ ਨੂੰ ਬਣਾਈ ਰੱਖਣਾ ਹੈ ਜਿਸ ਨੂੰ ਯਕੀਨੀ ਬਣਾਉਣ ਲਈ ਸਰਕਾਰੀ ਕਰਮਚਾਰੀਆਂ ਦੀ ਬਕਾਇਦਾ ਡਿਊਟੀ ਲਗਾਈ ਗਈ ਹੈ।

ਸ. ਸਵਰਨ ਸਿੰਘ ਨੇ ਮੰਡੀ ਅੰਦਰ ਆਉਣ ਵਾਲੇ ਜਿੰਮੀਦਾਰਾਂ, ਰੇਹੜੀ ਵਾਲਿਆਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਪ੍ਰਬੰਧਾਂ ਅਤੇ ਦਿਸ਼ਾ ਨਿਰਦੇਸ਼ਾਂ 'ਚ ਸਹਿਯੋਗ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਹਰੇਕ ਜ਼ਿਲ੍ਹਾ ਵਾਸੀ ਨੂੰ ਸੁਖਾਵੇਂ ਮਾਹੌਲ ਵਿੱਚ ਸੁਵਿਧਾਵਾਂ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਦੀ ਸਿਹਤ ਪ੍ਰਤੀ ਪੂਰੀ ਤਰ੍ਹਾਂ ਕਾਰਜ਼ਸੀਲ ਹੈ। ਉਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਘਰਾਂ ਅੰਦਰ ਰਹਿ ਕੇ ਰੋਜ਼ਾਨਾ ਦੀ ਲੋੜ ਮੁਤਾਬਿਕ ਸ਼ਬਜੀ ਅਤੇ ਫਲਾਂ ਦੀ ਖਰੀਦਦਾਰੀ ਕੀਤੀ ਜਾਵੇ ਅਤੇ ਲੋਕਾਂ ਨੂੰ ਲੋੜ ਅਨੁਸਾਰ ਘਰਾਂ ਤੱਕ ਨਿਰਵਿਘਨ ਢੰਗ ਨਾਲ ਸਪਲਾਈ ਮਿਲਦੀ ਰਹੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਕੋਈ ਜ਼ਿਲ੍ਹਾ ਵਾਸੀ ਮੰਡੀ ਅੰਦਰ ਸ਼ਬਜੀ ਜਾਂ ਫਲ ਲੈਣ ਲਈ ਪਹੁੰਚ ਨਹੀ ਕਰੇਗਾ, ਬਲਕਿ ਲੋਕਾਂ ਨੂੰ ਰੇਹੜੀਆਂ ਰਾਹੀ ਘਰਾਂ ਤੱਕ ਸਪਲਾਈ ਪੁੱਜਦੀ ਕੀਤੀ ਜਾਵੇਗੀ।

ਇਸ ਮੌਕੇ ਐਸ.ਡੀ.ਓ ਮੰਡੀ ਬੋਰਡ ਸ. ਸੁਖਵਿੰਦਰ ਸਿੰਘ, ਸੈਕਟਰੀ ਮਾਰਕੀਟ ਕਮੇਟੀ ਜਗਰੂਪ ਸਿੰਘ ਅਤੇ ਹੋਰ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

**ਤਸਵੀਰਾਂ 1 ਤੇ 2**

**ਰੇਹੜੀਆਂ ਅਤੇ ਮੰਡੀ ਅੰਦਰ ਸ਼ਬਜੀ ਲੈ ਕੇ ਆਉਣ ਵਾਲੇ ਜਿੰਮੀਦਾਰਾਂ ਦੀ ਸਾਮਾਜਿਕ ਦੂਰੀ ਬਰਕਰਾਰ ਰੱਖਣ ਲਈ 2 ਮੀਟਰ ਦੇ ਫਰਕ ਨਾਲ ਕਰਵਾਈ ਮਾਰਕਿੰਗ ਦੇ ਦ੍ਰਿਸ਼**